ਦੇਵਗੰਧਾਰੀ ੫ ॥ ਚੰਚਲੁ ਸੁਪਨੈ ਹੀ ਉਰਝਾਇਓ ॥ ਇਤਨੀ ਨ ਬੂਝੈ ਕਬਹੂ ਚਲਨਾ ਬਿਕਲ ਭਇਓ ਸੰਗਿ ਮਾਇਓ ॥੧॥ ਰਹਾਉ ॥ ਕੁਸਮ ਰੰਗ ਸੰਗ ਰਸਿ ਰਚਿਆ ਬਿਖਿਆ ਏਕ ਉਪਾਇਓ ॥ ਲੋਭ ਸੁਨੈ ਮਨਿ ਸੁਖੁ ਕਰਿ ਮਾਨੈ ਬੇਗਿ ਤਹਾ ਉਠਿ ਧਾਇਓ ॥੧॥ ਫਿਰਤ ਫਿਰਤ ਬਹੁਤੁ ਸ੍ਰਮੁ ਪਾਇਓ ਸੰਤ ਦੁਆਰੈ ਆਇਓ ॥ ਕਰੀ ਕ੍ਰਿਪਾ ਪਾਰਬ੍ਰਹਮਿ ਸੁਆਮੀ ਨਾਨਕ ਲੀਓ ਸਮਾਇਓ ॥ ੨॥੧੫॥ {ਪੰਨਾ 531}

ਪਦਅਰਥ:- ਚੰਚਲੁ—ਕਦੇ ਭੀ ਇਕ ਥਾਂ ਨਾਹ ਟਿਕਣ ਵਾਲਾ। ਸੁਪਨੈ—ਸੁਪਨੇ ਵਿਚ। ਉਰਝਾਇਓ—ਫਸ ਰਿਹਾ ਹੈ। ਕਬਹੂ—ਕਦੇ। ਬਿਕਲ—ਵਿਆਕੁਲ, ਬੁੱਧੂ। ਸੰਗਿ ਮਾਇਓ—ਮਾਇਆ ਨਾਲ।1। ਰਹਾਉ।

ਕੁਸਮ—ਫੁੱਲ। ਰਸਿ—ਰਸ ਵਿਚ; ਸੁਆਦ ਵਿਚ। ਰਚਿਆ—ਮਸਤ। ਬਿਖਿਆ—ਮਾਇਆ। ਉਪਾਇਓ—ਉਪਾਉ, ਦੌੜ-ਭੱਜ। ਸੁਨੈ—ਸੁਣਦਾ ਹੈ। ਮਨਿ—ਮਨ ਵਿਚ। ਬੇਗਿ—ਛੇਤੀ। ਤਹਾ—ਉਸ ਪਾਸੇ।1।

ਸ੍ਰਮੁ—ਥਕਾਵਟ। ਦੁਆਰੈ—ਦਰ ਤੇ। ਪਾਰਬ੍ਰਹਮਿ—ਪਰਮਾਤਮਾ ਨੇ।2।

ਅਰਥ:- ਹੇ ਭਾਈ! ਕਿਤੇ ਭੀ ਕਦੇ ਨਾਹ ਟਿਕਣ ਵਾਲਾ ਮਨੁੱਖੀ ਮਨ ਸੁਪਨੇ (ਵਿਚ ਦਿੱਸਣ ਵਰਗੇ ਪਦਾਰਥਾਂ) ਵਿਚ ਫਸਿਆ ਰਹਿੰਦਾ ਹੈ। ਕਦੇ ਇਤਨੀ ਗੱਲ ਭੀ ਨਹੀਂ ਸਮਝਦਾ ਕਿ ਇਥੋਂ ਆਖ਼ਰ ਤੁਰ ਜਾਣਾ ਹੈ। ਮਾਇਆ ਦੇ ਮੋਹ ਵਿਚ ਬੁੱਧੂ ਬਣਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਮਨੁੱਖ ਫੁੱਲਾਂ (ਵਰਗੇ ਛਿਨ-ਭੰਗਰ ਪਦਾਰਥਾਂ) ਦੇ ਰੰਗ ਤੇ ਸਾਥ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਸਦਾ ਇਕ ਮਾਇਆ (ਇਕੱਠੀ ਕਰਨ) ਦਾ ਹੀ ਉਪਾਉ ਕਰਦਾ ਫਿਰਦਾ ਹੈ। ਜਦੋਂ ਇਹ ਲੋਭ (ਦੀ ਗੱਲ) ਸੁਣਦਾ ਹੈ ਤਾਂ ਮਨ ਵਿਚ ਖ਼ੁਸ਼ੀ ਮਨਾਂਦਾ ਹੈ (ਜਿਸ ਪਾਸਿਓਂ ਕੁਝ ਪ੍ਰਾਪਤ ਹੋਣ ਦੀ ਆਸ ਹੁੰਦੀ ਹੈ) ਉਧਰ ਛੇਤੀ ਉੱਠ ਦੌੜਦਾ ਹੈ।1।

ਹੇ ਨਾਨਕ! (ਆਖ—) ਭਟਕਦਾ ਭਟਕਦਾ ਜਦੋਂ ਮਨੁੱਖ ਬਹੁਤ ਥੱਕ ਗਿਆ ਤੇ ਗੁਰੂ ਦੇ ਦਰ ਤੇ ਆਇਆ, ਤਦੋਂ ਮਾਲਕ ਪਰਮਾਤਮਾ ਨੇ ਇਸ ਉਤੇ ਮੇਹਰ ਕੀਤੀ, ਤੇ, ਆਪਣੇ ਚਰਨਾਂ ਵਿਚ ਮਿਲਾ ਲਿਆ।2।15।